**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)

ਮੀਮੋ ਨੰ 9/5/2010/ਐਫਟੀਬੀ/ਸਸਅ/ਰੈਸ਼/38563
ਮਿਤੀ ਚੰਡੀਗੜ੍ਹ 25 ਮਈ, 2010

**ਵਿਸ਼ਾ** **ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਸਾਮੀਆਂ ਨੂੰ ਤਰਕਸੰਗਤ ਕਰਨ ਬਾਰੇ ।**

1.0 ਉਪਰੋਕਤ ਵਿਸ਼ੇ ਤੇ ਸਰਕਾਰ ਵੱਲੋਂ ਜਾਰੀ ਕੀਤੀ ਗਈ ਰੈਸ਼ਨੈਲਾਈਜ਼ੇਸ਼ਨ ਪਾਲਿਸੀ ਅਤੇ ਮਾਨਯੋਗ ਸਿੱਖਿਆ ਮੰਤਰੀ ਜੀ ਨਾਲ ਮਿਤੀ 29.4.2010 ਨੂੰ ਹੋਈ ਮੀਟਿੰਗ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜਿਸ ਦੇ ਰਾਹੀਂ ਰੈਸ਼ਨੈਲਾਈਜ਼ੇਸ਼ਨ ਕਰਨ ਲਈ ਸਕੂਲਾਂ ਵਿੱਚ 15.4.2010 ਤੀਕ ਦਾਖਲ ਵਿਦਿਆਰਥੀਆਂ ਦੀ ਗਿਣਤੀ ਲੈਣ ਲਈ ਕਿਹਾ ਗਿਆ ਸੀ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪਿਛਲੇ ਦਿਨੀਂ ਹੀ ਅੱਠਵੀਂ ਕਲਾਸ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਹੈ ਅਤੇ ਇਸ ਨਤੀਜੇ ਦੇ ਮੱਦੇ ਨਜ਼ਰ ਸਕੂਲਾਂ ਵਿੱਚ ਨੌਵੀਂ ਕਲਾਸ ਵਿੱਚ ਬੱਚਿਆਂ ਦੀ ਐਨਰੋਲਮੈਂਟ ਵਧੀ ਹੈ । ਵੱਖ-ਵੱਖ ਜ਼ਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਕੀਤੀ ਬੇਨਤੀ ਦੇ ਮੱਦੇ ਨਜ਼ਰ ਇਹ ਫੈਸਲਾ ਲਿਆ ਗਿਆ ਹੈ ਕਿ ਦਾਖਲੇ ਦੀ ਮਿਤੀ 15 ਮਈ ਤੋਂ ਵਧਾ ਕੇ 25 ਮਈ, 2010 ਕਰ ਦਿੱਤੀ ਜਾਵੇ । ਇਸ ਬਾਰੇ ਆਪ ਜੀ ਨੂੰ ਪਹਿਲਾਂ ਹੀ ਜਾਣੂ ਕਰਵਾ ਦਿੱਤਾ ਗਿਆ ਹੈ ਅਤੇ ਇਸ ਪੱਤਰ ਦਾ ਉਤਾਰਾ ਵਿਭਾਗ ਦੀ ਵੈੱਬ ਸਾਈਟ ਤੇ ਵੀ ਪਾ ਦਿੱਤਾ ਹੋਇਆ ਹੈ ।

3.0 ਕਿਉਂ ਕਿ ਨੌਵੀ ਕਲਾਸ ਵਿੱਚ ਦਾਖਲਿਆਂ ਦੀ ਮਿਤੀ 25 ਮਈ, 2010 ਕਰ ਦਿੱਤੀ ਗਈ ਹੈ, ਇਸ ਲਈ ਬੇਹਤਰ ਹੋਵੇਗਾ ਕਿ ਅਧਿਆਪਕਾਂ ਦੀ ਰੈਸ਼ਨੈਲਾਈਜ਼ੇਸ਼ਨ 25 ਮਈ, 2010 ਤੀਕ ਹੋਏ ਦਾਖਲੇ ਨੂੰ ਮੁੱਖ ਰੱਖ ਕੇ ਹੀ ਕੀਤੀ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ